# ਵਿੱਦਿਅਕ ਵਰ੍ਹਾ - 2023-24
## ਜਮਾਤ : ਦਸਵੀਂ, ਪੰਜਾਬੀ (ਪੇਪਰ-ਏ)
## ਪ੍ਰਸ਼ਨ-ਪੱਤਰ ਦੀ ਰੂਪ-ਰੇਖਾ

**ਸਮਾਂ : 3 ਘੰਟੇ** **ਅੰਕ : 65**

**ਨੋਟ : ਪ੍ਰਸ਼ਨ-ਪੱਤਰ ਦੇ ਕੁੱਲ 11 ਪ੍ਰਸ਼ਨ ਹੋਣਗੇ। ਪ੍ਰਸ਼ਨ ਨੰ. 1 ਸੁੰਦਰ ਲਿਖਾਈ ਲਈ ਰਾਖਵਾਂ ਹੋਵੇਗਾ। ਸਾਰੇ ਹੱਲ ਕਰਨੇ ਲਾਜ਼ਮੀ ਹੋਣਗੇ।**

**ਪ੍ਰਸ਼ਨ 1.** 5 ਅੰਕ ਸੁੰਦਰ ਲਿਖਾਈ ਲਈ ਨਿਰਧਾਰਿਤ ਕੀਤੇ ਗਏ ਹਨ, ਜੋ ਕਿ ਇਸ ਪ੍ਰਸ਼ਨ-ਪੱਤਰ ਦੇ ਕੁੱਲ ਅੰਕਾਂ ਵਿੱਚ ਹੀ ਸ਼ਾਮਲ ਹਨ। **05**

**ਪ੍ਰਸ਼ਨ 2. ਇਹ ਪ੍ਰਸ਼ਨ ਵਸਤੂਨਿਸ਼ਠ ਕਿਸਮ ਦਾ ਹੋਵੇਗਾ : 8+8+4=20**

ਭਾਗ (ੳ): ਸਾਹਿਤ-ਮਾਲ਼ਾ 10 ਪੁਸਤਕ ਦੇ ਨਿਰਧਾਰਿਤ ਕਾਵਿ ਧਰਾਵਾਂ ਵਿੱਚੋਂ 2 ਪ੍ਰਸ਼ਨ ਅਤੇ ਵਾਰਤਕ ਭਾਗ ਵਿੱਚੋਂ 2 ਪ੍ਰਸ਼ਨ ਪੁੱਛੇ ਜਾਣਗੇ।

ਭਾਗ (ਅ): ਵੰਨਗੀ 10 ਪੁਸਤਕ ਦੇ ਕਹਾਣੀ ਭਾਗ ਵਿੱਚੋਂ 2 ਪ੍ਰਸ਼ਨ ਅਤੇ ਇਕਾਂਗੀ ਭਾਗ ਵਿੱਚੋਂ 2 ਪ੍ਰਸ਼ਨ ਪੁੱਛੇ ਜਾਣਗੇ।

ਭਾਗ (ੲ): ਨਾਵਲ ਵਿੱਚੋਂ 2 ਪ੍ਰਸ਼ਨ ਪੁੱਛੇ ਜਾਣਗੇ।

(ਇਹ ਸਾਰੇ ਪ੍ਰਸ਼ਨ ਦੋ-ਦੋ ਅੰਕ ਦੇ ਹੋਣਗੇ।)

**ਪ੍ਰਸ਼ਨ 3.** ਗੁਰਮਤਿ-ਕਾਵਿ, ਸੂਫ਼ੀ-ਕਾਵਿ, ਕਿੱਸਾ-ਕਾਵਿ ਅਤੇ ਬੀਰ-ਕਾਵਿ ਵਿੱਚੋਂ ਦੋ ਕਾਵਿ-ਟੋਟੇ ਦੇ ਕੇ ਕਿਸੇ ਇੱਕ ਦੀ ਪ੍ਰਸੰਗ ਸਹਿਤ ਵਿਆਖਿਆ ਲਿਖਣ ਲਈ ਕਿਹਾ ਜਾਵੇਗਾ। ਪ੍ਰਸੰਗ ਦੇ 2 ਅੰਕ ਅਤੇ ਵਿਆਖਿਆ ਦੇ 3 ਅੰਕ ਹੋਣਗੇ। **2+3=5**

**ਪ੍ਰਸ਼ਨ 4.** ਕੋਈ ਦੋ ਕਾਵਿ-ਰਚਨਾਵਾਂ ਦੇ ਕੇ ਕਿਸੇ ਇੱਕ ਦਾ ਕੇਂਦਰੀ ਭਾਵ, ਸਾਰ (ਦੋਵਾਂ ਪੱਖਾਂ ਵਿੱਚੋਂ ਇੱਕ) ਲਗ-ਪਗ 40 ਕੁ ਸ਼ਬਦਾਂ ਵਿੱਚ ਲਿਖਣ ਲਈ ਕਿਹਾ ਜਾਵੇਗਾ। **4×1=4**

**ਪ੍ਰਸ਼ਨ 5.** ਸਾਹਿਤ-ਮਾਲ਼ਾ 10 ਪਾਠ-ਪੁਸਤਕ ਦੇ ਲੇਖਾਂ ਵਿੱਚੋਂ ਕੋਈ ਦੋ ਲੇਖ ਦੇ ਕੇ ਉਹਨਾਂ ਵਿੱਚੋਂ ਕਿਸੇ ਇੱਕ ਦਾ ਸਾਰ ਲਗਪਗ 150 ਕੁ ਸ਼ਬਦਾਂ ਵਿੱਚ ਲਿਖਣ ਲਈ ਕਿਹਾ ਜਾਵੇਗਾ।

**5×1=5**

**ਪ੍ਰਸ਼ਨ 6.** ਲੇਖਾਂ ਦੇ ਅੰਤ ਵਿੱਚ ਦਿੱਤੇ ਅਭਿਆਸਾਂ ਵਿੱਚੋਂ ਚਾਰ ਪ੍ਰਸ਼ਨ ਦੇ ਕੇ ਕਿਸੇ ਦੋ ਪ੍ਰਸ਼ਨਾਂ ਦਾ ਉੱਤਰ ਲਿਖਣ ਲਈ ਕਿਹਾ ਜਾਵੇਗਾ।

**2+2=4**

**ਪ੍ਰਸ਼ਨ 7.** ਵੰਨਗੀ 10 ਪਾਠ-ਪੁਸਤਕ ਦੇ ਵਿੱਚੋਂ ਕੋਈ ਦੋ ਕਹਾਣੀਆਂ ਦੇ ਦੇ ਕੇ ਉਹਨਾਂ ਵਿੱਚੋਂ ਕਿਸੇ ਇੱਕ ਦਾ ਸਾਰ ਲਗ-ਪਗ 150 ਕੁ ਸ਼ਬਦਾਂ ਵਿੱਚ ਲਿਖਣ ਲਈ ਕਿਹਾ ਜਾਵੇਗਾ। **05**

**ਪ੍ਰਸ਼ਨ 8.** ਕਹਾਣੀਆਂ ਦੇ ਪਾਠ-ਅਭਿਆਸਾਂ ਵਿੱਚੋਂ ਚਾਰ ਪ੍ਰਸ਼ਨ ਦੇ ਕੇ ਕਿਸੇ ਦੋ ਪ੍ਰਸ਼ਨਾਂ ਦਾ ਉੱਤਰ ਲਿਖਣ ਲਈ ਕਿਹਾ ਜਾਵੇਗਾ।

**2+2=4**

**ਪ੍ਰਸ਼ਨ 9.** ਇਕਾਂਗੀਆਂ ਵਿੱਚੋਂ ਦੋ ਪਾਤਰ ਦੇ ਕੇ, ਕਿਸੇ ਇੱਕ ਦਾ ਪਾਤਰ-ਚਿਤਰਨ ਲਗ-ਪਗ 125 ਸ਼ਬਦਾਂ ਵਿੱਚ ਲਿਖਣ ਲਈ ਕਿਹਾ ਜਾਵੇਗਾ। **05**

**ਪ੍ਰਸ਼ਨ 10.** ਇਕਾਂਗੀਆਂ ਵਿੱਚੋਂ ਕੋਈ ਦੋ ਵਾਰਤਾਲਾਪ ਦੇ ਕੇ ਵਿੱਚ ਜਾਂ ਪਾ ਕੇ, ਹੇਠਾਂ ਦਿੱਤੇ ਤਿੰਨ ਪ੍ਰਸ਼ਨਾਂ ਦੇ ਉੱਤਰ ਦੇਣ ਲਈ ਕਿਹਾ ਜਾਵੇਗਾ। ਤਿੰਨੇ ਪ੍ਰਸ਼ਨ ਇੱਕ-ਇੱਕ ਅੰਕ ਦੇ ਹੋਣਗੇ। **1+1+1=3**

**ਪ੍ਰਸ਼ਨ 11.** ਨਾਵਲ ਵਿੱਚੋਂ ਕੋਈ ਤਿੰਨ ਪਾਤਰ ਦੇ ਕੇ ਕਿਸੇ ਇੱਕ ਦਾ ਪਾਤਰ-ਚਿਤਰਨ ਲਗ-ਪਗ 150 ਸ਼ਬਦਾਂ ਵਿੱਚ ਲਿਖਣ ਲਈ ਕਿਹਾ ਜਾਵੇਗਾ। **5×1=5**